# TODAY'S HUKAMNAMA FROM SRI DARBAR SAHIB, Sri Amritsar.
## [August 1st, 2021 – Sunday - 04:45 AM. IST]

**ਧਨਾਸਰੀ ਮਹਲਾ ੧ ਘਰੁ ੧ ਚਉਪਦੇ**

**ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥**

**ਜੀਉ ਡਰਤੁ ਹੈ ਆਪਣਾ ਕੈ ਸਿਉ ਕਰੀ ਪੁਕਾਰ ॥ ਦੂਖ ਵਿਸਾਰਣੁ ਸੇਵਿਆ ਸਦਾ ਸਦਾ ਦਾਤਾਰੁ ॥੧॥ ਸਾਹਿਬੁ ਮੇਰਾ ਨੀਤ ਨਵਾ ਸਦਾ ਸਦਾ ਦਾਤਾਰੁ ॥੧॥ ਰਹਾਉ ॥ ਅਨਦਿਨੁ ਸਾਹਿਬੁ ਸੇਵੀਐ ਅੰਤਿ ਛਡਾਏ ਸੋਇ ॥ ਸੁਣਿ ਸੁਣਿ ਮੇਰੀ ਕਾਮਣੀ ਪਾਰਿ ਉਤਾਰਾ ਹੋਇ ॥੨॥ ਦਇਆਲ ਤੇਰੈ ਨਾਮਿ ਤਰਾ ॥ ਸਦ ਕੁਰਬਾਣੈ ਜਾਉ ॥੧॥ ਰਹਾਉ ॥ ਸਰਬੰ ਸਾਚਾ ਏਕੁ ਹੈ ਦੂਜਾ ਨਾਹੀ ਕੋਇ ॥ ਤਾ ਕੀ ਸੇਵਾ ਸੋ ਕਰੇ ਜਾ ਕਉ ਨਦਰਿ ਕਰੇ ॥੩॥ ਤੁਧੁ ਬਾਝੁ ਪਿਆਰੇ ਕੇਵ ਰਹਾ ॥ ਸਾ ਵਡਿਆਈ ਦੇਹਿ ਜਿਤੁ ਨਾਮਿ ਤੇਰੇ ਲਾਗਿ ਰਹਾਂ ॥ ਦੂਜਾ ਨਾਹੀ ਕੋਇ ਜਿਸੁ ਆਗੈ ਪਿਆਰੇ ਜਾਇ ਕਹਾ ॥੧॥ ਰਹਾਉ ॥ ਸੇਵੀ ਸਾਹਿਬੁ ਆਪਣਾ ਅਵਰੁ ਨ ਜਾਚੰਉ ਕੋਇ ॥ ਨਾਨਕੁ ਤਾ ਕਾ ਦਾਸੁ ਹੈ ਬਿੰਦ ਬਿੰਦ ਚੁਖ ਚੁਖ ਹੋਇ ॥੪॥ ਸਾਹਿਬ ਤੇਰੇ ਨਾਮ ਵਿਟਹੁ ਬਿੰਦ ਬਿੰਦ ਚੁਖ ਚੁਖ ਹੋਇ ॥੧॥ ਰਹਾਉ ॥੪॥੧॥**

**ਐਤਵਾਰ, ੧੭ ਸਾਵਣ (ਸੰਮਤ ੫੫੩ ਨਾਨਕਸ਼ਾਹੀ) ੧ ਅਗਸਤ, ੨੦੨੧ (ਅੰਗ: ੬੬੦)**

ਪੰਜਾਬੀ ਵਿਆਖਿਆ:

**ਧਨਾਸਰੀ ਮਹਲਾ ੧ ਘਰੁ ੧ ਚਉਪਦੇ**

**ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥**

**ਜਗਤ ਦੁੱਖਾਂ ਦਾ ਸਮੁੰਦਰ ਹੈ, ਇਹਨਾਂ ਦੁੱਖਾਂ ਨੂੰ ਵੇਖ ਕੇ ਮੇਰੀ ਜਿੰਦ ਕੰਬਦੀ ਹੈ ਪਰਮਾਤਮਾ ਤੋਂ ਬਿਨਾ ਹੋਰ ਕੋਈ ਬਚਾਣ ਵਾਲਾ ਦਿੱਸਦਾ ਨਹੀਂ ਜਿਸ ਦੇ ਪਾਸ ਮੈਂ ਮਿੰਨਤਾਂ ਕਰਾਂ । ਸੋ, ਹੋਰ ਆਸਰੇ ਛੱਡ ਕੇ ਮੈਂ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਨੂੰ ਹੀ ਸਿਮਰਦਾ ਹਾਂ, ਉਹ ਸਦਾ ਹੀ ਬਖ਼ਸ਼ਸ਼ਾਂ ਕਰਨ ਵਾਲਾ ਹੈ ।੧। ਫਿਰ ਉਹ ਮੇਰਾ ਮਾਲਿਕ ਸਦਾ ਹੀ ਬਖ਼ਸ਼ਸ਼ਾਂ ਤਾਂ ਕਰਦਾ ਰਹਿੰਦਾ ਹੈ ਪਰ ਉਹ ਮੇਰੇ ਨਿੱਤ ਦੇ ਤਰਲੇ ਸੁਣ ਕੇ ਕਦੇ ਅੱਕਦਾ ਨਹੀਂ, ਬਖ਼ਸ਼ਸ਼ਾਂ ਵਿਚ ਨਿੱਤ ਇਉਂ ਹੈ ਜਿਵੇਂ ਪਹਿਲੀ ਵਾਰੀ ਹੀ ਬਖ਼ਸ਼ਸ਼ ਕਰਨ ਲੱਗਾ ਹੈ ।੧।ਰਹਾਉ। ਹੇ ਮੇਰੀ ਜਿੰਦੇ! ਹਰ ਰੋਜ਼ ਉਸ ਮਾਲਿਕ ਨੂੰ ਯਾਦ ਕਰਨਾ ਚਾਹੀਦਾ ਹੈ ਦੁੱਖਾਂ ਵਿਚੋਂ ਆਖ਼ਰ ਉਹੀ ਬਚਾਂਦਾ ਹੈ । ਹੇ ਜਿੰਦੇ! ਧਿਆਨ ਨਾਲ ਸੁਣ ਉਸ ਮਾਲਿਕ ਦਾ ਆਸਰਾ ਲਿਆਂ ਹੀ ਦੁੱਖਾਂ ਦੇ ਸਮੁੰਦਰ ਵਿਚੋਂ ਪਾਰ ਲੰਘ ਸਕੀਦਾ ਹੈ ।੨। ਹੇ ਦਿਆਲ ਪ੍ਰਭੂ! ਮੈਂ ਤੈਥੋਂ ਸਦਾ ਸਦਕੇ ਜਾਂਦਾ ਹਾਂ ਮੇਹਰ ਕਰ, ਆਪਣਾ ਨਾਮ ਦੇਹ, ਤਾ ਕਿ ਤੇਰੇ ਨਾਮ ਦੀ ਰਾਹੀਂ ਮੈਂ ਦੁੱਖਾਂ ਦੇ ਇਸ ਸਮੁੰਦਰ ਵਿਚੋਂ ਪਾਰ ਲੰਘ ਸਕਾਂ ।੧।ਰਹਾਉ। ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਸਭ ਥਾਈਂ ਮੌਜੂਦ ਹੈ, ਉਸ ਤੋਂ ਬਿਨਾ ਹੋਰ ਕੋਈ ਨਹੀਂ । ਜਿਸ ਜੀਵ ਉਤੇ ਉਹ ਮੇਹਰ ਦੀ ਨਿਗਾਹ ਕਰਦਾ ਹੈ, ਉਹ ਉਸ ਦਾ ਸਿਮਰਨ ਕਰਦਾ ਹੈ ।੩। ਹੇ ਪਿਆਰੇ ਪ੍ਰਭੂ! ਤੇਰੀ ਯਾਦ ਤੋਂ ਬਿਨਾ ਮੈਂ ਵਿਆਕੁਲ ਹੋ ਜਾਂਦਾ ਹਾਂ । ਮੈਨੂੰ ਕੋਈ ਉਹ ਵੱਡੀ ਦਾਤਿ ਦੇਹ, ਜਿਸ ਦਾ ਸਦਕਾ ਮੈਂ ਤੇਰੇ ਨਾਮ ਵਿਚ ਜੁੜਿਆ ਰਹਾਂ । ਹੇ ਪਿਆਰੇ! ਤੈਥੋਂ ਬਿਨਾ ਹੋਰ ਐਸਾ ਕੋਈ ਨਹੀਂ ਹੈ, ਜਿਸ ਪਾਸ ਜਾ ਕੇ ਮੈਂ ਇਹ ਅਰਜ਼ੋਈ ਕਰ ਸਕਾਂ ।੧।ਰਹਾਉ। ਦੁੱਖਾਂ ਦੇ ਇਸ ਸਾਗਰ ਵਿਚੋਂ ਤਰਨ ਲਈ ਮੈਂ ਆਪਣੇ ਮਾਲਿਕ ਪ੍ਰਭੂ ਨੂੰ ਹੀ ਯਾਦ ਕਰਦਾ ਹਾਂ, ਕਿਸੇ ਹੋਰ ਪਾਸੋਂ ਮੈਂ ਇਹ ਮੰਗ ਨਹੀਂ ਮੰਗਦਾ । ਨਾਨਕ ਆਪਣੇ ਉਸ ਮਾਲਿਕ ਦਾ ਹੀ ਸੇਵਕ ਹੈ, ਉਸ ਮਾਲਿਕ ਤੋਂ ਹੀ ਖਿਨ ਖਿਨ ਸਦਕੇ ਹੁੰਦਾ ਹੈ ।੪। ਹੇ ਮੇਰੇ ਮਾਲਿਕ! ਮੈਂ ਤੇਰੇ ਨਾਮ ਤੋਂ ਖਿਨ ਖਿਨ ਕੁਰਬਾਨ ਜਾਂਦਾ ਹਾਂ ।੧।ਰਹਾਉ ॥੪॥੧॥**

English Translation:

**DHANAASAREE, FIRST MEHL, FIRST HOUSE, CHAU-PADAS:**

**ONE UNIVERSAL CREATOR GOD. TRUTH IS THE NAME. CREATIVE BEING PERSONIFIED. NO FEAR. NO HATRED. IMAGE OF THE UNDYING. BEYOND BIRTH. SELF-EXISTENT. BY GURU'S GRACE:**

My soul is afraid; to whom should I complain? I serve Him, who makes me forget my pains; He is the Giver, forever and ever. || 1 || My Lord and Master is forever new; He is the Giver, forever and ever. || 1 || Pause || Night and day, I serve my Lord and Master; He shall save me in the end. Hearing and listening, O my dear sister, I have crossed over. || 2 || O Merciful Lord, Your Name carries me across. I am forever a sacrifice to You. || 1 || Pause || In all the world, there is only the One True Lord; there is no other at all. He alone serves the Lord, upon whom the Lord casts His Glance of Grace. || 3 || Without You, O Beloved, how could I even live? Bless me with such greatness, that I may remain attached to Your Name. There is no other, O Beloved, to whom I can go and speak. || 1 || Pause || I serve my Lord and Master; I ask for no other. Nanak is His slave; moment by moment, bit by bit, he is a sacrifice to Him. || 4 || O Lord Master, I am a sacrifice to Your Name, moment by moment, bit by bit. || 1 || Pause || 4 || 1 ||

**Sunday, 17th Saawan (Samvat 553 Nanakshahi) 1st August, 2021 (Page: 660)**